# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :03-12-2025**

ਸੰਸਦ ਦੀਆਂ ਦੋਵੇਂ ਸਭਾਵਾਂ ਦੀ ਕਾਰਵਾਈ ਇਸ ਸਮੇਂ ਜਾਰੀ ਏ। ਲੋਕ ਸਭਾ ਵਿੱਚ, FAKE NEWS ਨਾਲ ਸਬੰਧਤ ਸਵਾਲਾਂ ਦਾ ਜਵਾਬ ਦਿੰਦਿਆਂ, ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ, FAKE NEWS, ਲੋਕਤੰਤਰ ਲਈ ਖ਼ਤਰਾ ਏ ਅਤੇ ਔਨਲਾਈਨ ਗੇਮਿੰਗ ਨੂੰ ਕੰਟਰੋਲ ਕਰਨ ਲਈ ਸਰਕਾਰ ਸਖ਼ਤ ਏ। ਉਨ੍ਹਾਂ ਨੇ ਸੋਸ਼ਲ ਮੀਡੀਆ, FAKE NEWS ਅਤੇ AI ਦੁਆਰਾ ਤਿਆਰ ਕੀਤੇ ਗਏ, ''ਡੀਪ ਫੇਕ'' ਖਿਲਾਫ ਸਖ਼ਤ ਕਾਰਵਾਈ ਦੀ ਲੋੜ 'ਤੇ ਜ਼ੋਰ ਦਿੱਤਾ। ਰਾਜ ਸਭਾ ਵਿੱਚ, ਸਭਾਪਤੀ ਸੀਪੀ ਰਾਧਾਕ੍ਰਿਸ਼ਨਨ ਦੀ ਪ੍ਰਧਾਨਗੀ ਹੇਠ ਕਾਰਵਾਈ ਜਾਰੀ ਏ।

---------------------------------------------------------

ਭਾਖੜਾ ਡੈਮ ਦੇ ਨਿਰਮਾਣ ਤੋਂ 71 ਸਾਲ ਬਾਅਦ, ਡੈਮ ਦੇ ਪਿੱਛੇ ਵਿਸ਼ਾਲ ਗੋਬਿੰਦ ਸਾਗਰ ਝੀਲ ਤੋਂ ਸਿਲਟ ਯਾਨੀ ਗਾਦ ਕੱਢਣ ਲਈ ਸਹਿਮਤੀ ਬਣੀ ਏ। ਇਸ ਉਦੇਸ਼ ਲਈ, ਜਲ ਸ਼ਕਤੀ ਮੰਤਰਾਲੇ ਵੱਲੋਂ ਡਿਪਟੀ

ਸਕੱਤਰ ਦੀ ਅਗਵਾਈ ਵਿੱਚ ਬਣਾਈ ਗਈ 10 ਮੈਂਬਰੀ ਕਮੇਟੀ ਦੀ ਪਹਿਲੀ ਮੀਟਿੰਗ ਪਿਛਲੇ ਹਫ਼ਤੇ ਦਿੱਲੀ ਵਿੱਚ ਹੋਈ ਸੀ ਅਤੇ ਬੀਬੀਐਮਬੀ ਦੇ ਮੁੱਖ ਇੰਜੀਨੀਅਰ ਸੀ.ਪੀ. ਸਿੰਘ ਨੂੰ ਵੀ ਇਸ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ ਸੀ। ਇਸ ਗੱਲ ਦੀ ਪੁਸ਼ਟੀ ਬੀ.ਬੀ.ਐਮ.ਬੀ. ਦੇ ਮੁੱਖ ਇੰਜੀਨੀਅਰ ਸੀਪੀ ਸਿੰਘ ਨੇ ਖੁਦ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕੀਤੀ ਏ। ਸਾਡੇ ਪੱਤਰਕਾਰ ਨੇ ਦੱਸਿਆ ਏ ਕਿ ਮੁੱਖ ਇੰਜੀਨੀਅਰ ਸੀਪੀ ਸਿੰਘ ਨੇ ਕਿਹਾ ਕਿ ਗੋਬਿੰਦ ਸਾਗਰ ਝੀਲ ਵਿੱਚ ਗਾਦ ਦੀ ਜਾਂਚ ਹਰ ਦੋ ਸਾਲ ਬਾਅਦ ਕੀਤੀ ਜਾਂਦੀ ਏ ਪਰ ਹੁਣ ਝੀਲ ਦੀ ਗਾਦ 25 ਫੀਸਦ ਤੱਕ ਵੱਧ ਚੁੱਕੀ ਏ ਅਤੇ ਪਾਣੀ ਸਟੋਰੇਜ ਕਰਨ ਦੀ ਸਮਰੱਥਾ 19 ਫੀਸਦ ਤੱਕ ਘੱਟ ਚੁੱਕੀ ਏ। ਉਨ੍ਹਾਂ ਕਿਹਾ ਕਿ ਡੀ-ਸਿਲਟਿੰਗ ਲਈ ਇੱਕ ਮਾਲੀਆ ਨੀਤੀ ਤਿਆਰ ਕੀਤੀ ਗਈ ਏ ਤੇ ਮੀਟਿੰਗ ਵਿੱਚ ਪੇਸ਼ ਕੀਤੀ ਗਈ ਏ, ਅਤੇ ਹਿਮਾਚਲ ਪ੍ਰਦੇਸ਼ ਦੇ ਸਕੱਤਰ ਜਨਰਲ ਨੇ ਭਰੋਸਾ ਦਿੱਤਾ ਏ ਕਿ ਗੋਬਿੰਦ ਸਾਗਰ ਝੀਲ ਨੂੰ ਡੀ-ਸਿਲਟਿੰਗ ਕਰਨ ਲਈ ਇੱਕ ਪ੍ਰਸਤਾਵ ਹਿਮਾਚਲ ਵਿਧਾਨ ਸਭਾ ਦੇ ਅਗਲੇ ਸੈਸ਼ਨ ਵਿੱਚ ਪੇਸ਼ ਕੀਤਾ ਜਾਵੇਗਾ।

--------------------------------------------------

ਭਰੂਣ ਹੱਤਿਆ ਨੂੰ ਰੋਕਣ ਦੇ ਯਤਨਾਂ ਵਿੱਚ ਹੋਰ ਤੇਜ਼ੀ ਲਿਆਉਣ ਦੇ ਮੱਦੇਨਜ਼ਰ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ.

ਬਲਬੀਰ ਸਿੰਘ ਨੇ ਅਗਲੇ ਸਾਲ ਤੱਕ ਸੂਬੇ ਦੇ ਲਿੰਗ ਅਨੁਪਾਤ ਵਿੱਚ ਮਿਸਾਲੀ ਸੁਧਾਰ ਲਿਆਉਣ ਲਈ ਰਾਸ਼ਟਰੀ ਔਸਤ ਨੂੰ ਪਾਰ ਕਰਨ ਦਾ ਮਹੱਤਵਪੂਰਨ ਟੀਚਾ ਰੱਖਿਆ ਏ। ਸਿਹਤ ਮੰਤਰੀ ਨੇ, ਚੰਡੀਗੜ੍ਹ ਵਿੱਚ ਪ੍ਰੀ-ਕੰਸੈਪਸ਼ਨ ਅਤੇ ਪ੍ਰੀ-ਨੇਟਲ ਡਾਇਗਨੋਸਟਿਕ ਤਕਨੀਕਾਂ ਐਕਟ ’ਤੇ ਇੱਕ ਸੂਬਾ ਪੱਧਰੀ ਸਮਰੱਥਾ ਨਿਰਮਾਣ ਵਰਕਸ਼ਾਪ ਦੀ ਪ੍ਰਧਾਨਗੀ ਕਰਦੇ ਹੋਏ, ਸਾਰੇ ਸਿਵਲ ਸਰਜਨਾਂ ਅਤੇ ਸਿਹਤ ਸੰਭਾਲ ਕਾਮਿਆਂ ਤੋਂ ਲੈ ਕੇ ਆਸ਼ਾ ਵਰਕਰਾਂ ਨੂੰ ਗਰਭ ਅਵਸਥਾ ਦੌਰਾਨ ਨਿਗਰਾਨੀ ਕਰਨ ਅਤੇ ਲਿੰਗ ਨਿਰਧਾਰਣ ਸਬੰਧੀ ਅਨੈਤਿਕ ਅਮਲ ਨੂੰ ਠੱਲ੍ਹ ਪਾਉਣ ਲਈ ਨਿਰੰਤਰ ਚੌਕਸੀ ਰੱਖਣ ਦੀ ਅਪੀਲ ਕੀਤੀ । ਉਨ੍ਹਾਂ ਸਿਹਤ ਅਧਿਕਾਰੀਆਂ ਨੂੰ ਸਰਗਰਮੀ ਨਾਲ ਹਰ ਗਰਭਵਤੀ ਔਰਤ ਦੀ ਟਰੈਕਿੰਗ ਯਕੀਨੀ ਬਣਾਉਣ ਲਈ ਕਿਹਾ । ਉਨ੍ਹਾਂ ਕਿਹਾ ਕਿ ਇੱਕ ਬੱਚੀ ਨੂੰ ਗਰਭ ਵਿੱਚ ਮਾਰਨ ਤੋਂ ਵੱਡਾ ਹੋਰ ਕੋਈ ਅਪਰਾਧ ਨਹੀਂ ਏ।

---

ਰੱਖਿਆ ਖੋਜ ਅਤੇ ਵਿਕਾਸ ਸੰਗਠਨ (DRDO) ਨੇ ਬੀਤੇ ਕੱਲ੍ਹ ਇੱਕ ਹਾਈ-ਸਪੀਡ ਲੜਾਕੂ ਜਹਾਜ਼ ਤੋਂ ਐਮਰਜੈਂਸੀ ਵਿਚ ਪਾਇਲਟ ਦੀ ਜਾਨ ਬਚਾਉਣ ਵਾਲੀ ਨਿਕਾਸੀ ਪ੍ਰਣਾਲੀ ਦਾ ਸਫਲ ਪ੍ਰੀਖਣ ਕੀਤਾ ਏ। ਇਸ ਸਖ਼ਤ ਪ੍ਰੀਖਣ ਨਾਲ, ਭਾਰਤ ਉਨ੍ਹਾਂ ਚੋਣਵੇਂ ਦੇਸ਼ਾਂ ਦੇ ਸਮੂਹ ਵਿੱਚ ਸ਼ਾਮਲ ਹੋ ਗਿਆ ਏ ਜਿਨ੍ਹਾਂ ਕੋਲ ਇੱਕ ਉੱਨਤ ਸਵਦੇਸ਼ੀ ਨਿਕਾਸੀ ਪ੍ਰਣਾਲੀ

ਵਿਕਸਤ ਕਰਨ ਦੀ ਸਮਰੱਥਾ ਏ। ਇਹ ਪ੍ਰੀਖਣ ਏਅਰੋਨਾਟਿਕਲ ਡਿਵੈਲਪਮੈਂਟ ਏਜੰਸੀ (ADA) ਅਤੇ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ ਦੇ ਸਹਿਯੋਗ ਨਾਲ ਚੰਡੀਗੜ੍ਹ ਵਿੱਚ ਟਰਮੀਨਲ ਬੈਲਿਸਟਿਕਸ ਰਿਸਰਚ ਲੈਬਾਰਟਰੀ ਦੇ ਰੇਲ ਟ੍ਰੈਕ ਰਾਕੇਟ ਸਲੇਡ ਸਹੂਲਤ ਵਿਖੇ ਬੀਤੇ ਦਿਨ ਕੀਤਾ ਗਿਆ। ਇਸ ਦੌਰਾਨ ਹਵਾਈ ਸੈਨਾ ਅਤੇ ਇੰਸਟੀਚਿਊਟ ਆਫ਼ ਏਅਰੋਸਪੇਸ ਮੈਡੀਸਨ ਐਂਡ ਸਰਟੀਫਿਕੇਸ਼ਨ ਦੇ ਅਧਿਕਾਰੀ ਵੀ ਮੌਜੂਦ ਸਨ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਇਸ ਸਫਲ ਪ੍ਰੀਖਣ ਲਈ ਸਾਰੀਆਂ ਸਬੰਧਤ ਸੰਸਥਾਵਾਂ ਅਤੇ ਉਦਯੋਗ ਨੂੰ ਵਧਾਈ ਦਿੱਤੀ। ਉਨ੍ਹਾਂ ਨੇ ਇਸ ਨੂੰ ਆਤਮ-ਨਿਰਭਰਤਾ ਵੱਲ ਭਾਰਤ ਦੀ ਸਵਦੇਸ਼ੀ ਰੱਖਿਆ ਸਮਰੱਥਾ ਲਈ ਇੱਕ ਮਹੱਤਵਪੂਰਨ ਮੀਲ ਪੱਥਰ ਦੱਸਿਆ ਏ।
ਪੇਸ਼ ਏ ਇਕ ਰਿਪੋਰਟ

------------------------------------------------

ਬੀਤੀ ਸ਼ਾਮ ਫਿਰੋਜ਼ਪੁਰ ਵਿਖੇ ਗੰਗਾਨਗਰ ਜਾ ਰਹੀ ਪੰਜਾਬ ਰੋਡਵੇਜ਼ ਦੀ ਬੱਸ 'ਤੇ ਕੁਝ ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਗੋਲੀਬਾਰੀ ਕਰ ਦਿੱਤੀ। ਇਸ ਵਾਰਦਾਤ ਦੌਰਾਨ ਬੱਸ ਵਿਚ 25 ਤੋਂ ਵੱਧ ਯਾਤਰੀ ਸਵਾਰ ਦੱਸੇ ਜਾ ਰਹੇ ਨੇ। ਗੋਲੀਬਾਰੀ ਹੁੰਦੇ ਹੀ ਡਰਾਈਵਰ ਬੱਸ ਨੂੰ ਨਜ਼ਦੀਕੀ ਪੁਲਿਸ ਸਟੇਸ਼ਨ ਲੈ ਗਿਆ | ਮਮਦੋਟ ਪੁਲਿਸ ਸਟੇਸ਼ਨ ਦੇ ਐਸ.ਐਚ.ਓ., ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਪੁਸ਼ਟੀ ਕੀਤੀ ਏ ਕਿ

ਘਟਨਾ ਦੌਰਾਨ ਕੋਈ ਵੀ ਵਿਅਕਤੀ ਜ਼ਖਮੀ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਮਾਮਲੇ ਦੀ ਜਾਂਚ ਜਾਰੀ ਏ। ਸੀਸੀਟੀਵੀ ਫੁਟੇਜ ਚੈਕ ਕੀਤੀ ਜਾ ਰਹੀ ਏ ਅਤੇ ਦੋਸ਼ੀਆਂ ਨੂੰ ਫੜਨ ਲਈ ਵਿਸ਼ੇਸ਼ ਨਾਕੇ ਲਾਏ ਗਏ ਨੇ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਾਪਾਨ ਦੇ ਕਾਰੋਬਾਰੀ ਦਿੱਗਜ਼ਾਂ ਅੱਗੇ ਸੂਬੇ ਨੂੰ ਸਭ ਤੋਂ ਪਸੰਦੀਦਾ ਨਿਵੇਸ ਸਥਾਨ ਵਜੋਂ ਪੇਸ਼ ਕਰਦਿਆਂ ਉਨ੍ਹਾਂ ਨੂੰ ਆਪਣੇ ਕਾਰੋਬਾਰ ਦੇ ਵਿਸਥਾਰ ਲਈ ਪੰਜਾਬ ਵਿੱਚ ਨਿਵੇਸ ਦਾ ਸੱਦਾ ਦਿੱਤਾ ਏ। ਆਪਣੀ ਜਾਪਾਨ ਫੇਰੀ ਦੇ ਪਹਿਲੇ ਦਿਨ ਮੁੱਖ ਮੰਤਰੀ ਨੇ ਬਹੁਤ ਸਾਰੀਆਂ ਜਾਪਾਨੀ ਕੰਪਨੀਆਂ ਅਤੇ ਹੋਰਨਾਂ ਨਾਲ ਗੱਲਬਾਤ ਕੀਤੀ। ਵਿਚਾਰ-ਵਟਾਂਦਰੇ ਦੌਰਾਨ ਭਗਵੰਤ ਸਿੰਘ ਮਾਨ ਨੇ ਐਡਵਾਂਸਡ ਮੈਨੂਫੈਕਚਰਿੰਗ, ਮੋਬਿਲਟੀ, ਇਲੈਕਟ੍ਰਾਨਿਕਸ, ਫੂਡ ਪ੍ਰੋਸੈਸਿੰਗ, ਨਵਿਆਉਣਯੋਗ ਊਰਜਾ ਅਤੇ ਗਲੋਬਲ ਸਰਵਿਸਿਜ਼ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਜਾਪਾਨ ਨਾਲ ਰਣਨੀਤਕ ਸਮਝੌਤੇ ਦੀ ਇੱਛਾ ਪ੍ਰਗਟਾਈ । ਉਨ੍ਹਾਂ ਨੇ ਜਾਪਾਨੀ ਕੰਪਨੀਆਂ ਨੂੰ ਸੂਬੇ ਵਿੱਚ ਉੱਭਰ ਰਹੀਆਂ ਨਵੀਆਂ ਸੰਭਾਵਨਾਵਾਂ ਦੀ ਪੜਚੋਲ ਦਾ ਸੱਦਾ ਦਿੰਦਿਆਂ ਕਿਹਾ ਕਿ ਪੰਜਾਬ ਦਾ ਭਵਿੱਖ ਇਨ੍ਹਾਂ ਖੇਤਰਾਂ ਦੀਆਂ ਜ਼ਰੂਰਤਾਂ ਅਨੁਸਾਰ ਨਵਾਂ ਰੂਪ ਲੈ ਰਿਹਾ ਏ। ਮੁੱਖ ਮੰਤਰੀ ਨੇ ਪੂੰਜੀਕਾਰਾਂ ਨੂੰ 13 ਤੋਂ 15 ਮਾਰਚ 2026 ਨੂੰ

ਆਈਐਸਬੀ ਮੋਹਾਲੀ ਕੈਂਪਸ, ਵਿਖੇ ਹੋਣ ਵਾਲੇ 6ਵੇਂ ਪ੍ਰਗਤੀਸੀਲ ਪੰਜਾਬ ਨਿਵੇਸਕ ਸੰਮੇਲਨ ਵਿੱਚ ਸਾਮਲ ਹੋਣ ਦਾ ਸੱਦਾ ਵੀ ਦਿੱਤਾ।

---------------------------------------------------------------